ਵਰਲਡ ਪੰਜਾਬੀ ਟਾਈਮਜ਼
WORLD PUNJABI TIMES
A Punjabi News Protal & Epaper From Winnipeg, Canada
Visit us at : www.worldpunjabitimes.com
Mob: 7973333573, +1 (418) 887-0162

Epaper World Punjabi Times | 04 ਨਵੰਬਰ 2025 ਦਿਨ ਮੰਗਲਵਾਰ | ਈ-ਪੇਪਰ ਵਰਲਡ ਪੰਜਾਬੀ ਟਾਈਮਜ਼

ਸਿੱਖ ਵਿਦਵਾਨ ਜੈਤੇਗ ਸਿੰਘ ਅਨੰਤ ਨੂੰ ਸਦਮਾ – ਪਤਨੀ ਜਸਪਾਲ ਕੌਰ ਅਨੰਤ ਸਦੀਵੀ ਵਿਛੋੜਾ ਦੇ ਗਏ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ

ਸਰੀ, 4 ਨਵੰਬਰ : ਸਰੀ ਸ਼ਹਿਰ ਦੇ ਵਸਨੀਕ ਉੱਘੇ ਸਿੱਖ ਵਿਦਵਾਨ ਜੈਤੇਗ ਸਿੰਘ ਅਨੰਤ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਿਆ ਜਦੋਂ ਬੀਤੀ ਰਾਤ ਉਨ੍ਹਾਂ ਦੀ ਪਤਨੀ ਜਸਪਾਲ ਕੌਰ ਅਨੰਤ ਸਦੀਵੀ ਵਿਛੋੜਾ ਦੇ ਗਏ। ਉਹ 73 ਸਾਲਾਂ ਦੇ ਸਨ ਅਤੇ ਬੀਤੇ ਕੁਝ ਸਮੇਂ ਤੋਂ ਕੈਂਸਰ ਦੀ ਨਾਮੁਰਾਦ ਬਿਮਾਰੀ ਤੋਂ ਪੀੜਤ ਸਨ। ਉਹ ਬਹੁਤ ਹੀ ਮਿਲਾਪੜੇ ਅਤੇ ਗੁਰਮਤਿ ਨੂੰ ਪ੍ਰਣਾਏ ਹੋਏ ਇਨਸਾਨ ਸਨ। ਜਸਪਾਲ ਕੌਰ ਅਨੰਤ ਸਰੀ ਸ਼ਹਿਰ ਵਿੱਚ ਪਿਛਲੇ 21 ਸਾਲਾਂ ਤੋਂ ਦੇਝਾਸ਼ੀਆ ਦੇ ਤੌਰ 'ਤੇ ਕੰਮ ਕਰ ਰਹੇ ਸਨ। ਉਨ੍ਹਾਂ ਨੇ ਨਾਮੁਰਾਦ ਬਿਮਾਰੀ ਕਰਕੇ ਸਵੈ-ਇੱਛਤ ਮੌਤ ਕਬੂਲ ਕੀਤੀ।

ਉਨ੍ਹਾਂ ਦੀ ਮੌਤ ਉੱਪਰ ਗੁਰੂ ਨਾਨਕ ਇੰਸਟੀਚਿਊਟ ਆਫ ਗੋਲਬਲ ਸਟੱਡੀਜ਼ ਦੇ ਸੀ.ਈ.ਓ. ਗਿਆਨ ਸਿੰਘ ਸੰਧੂ, ਕੈਨੇਡੀਅਨ ਰਾਮਗੜ੍ਹੀਆ ਸੁਸਾਇਟੀ ਦੇ ਸਾਬਕਾ ਪ੍ਰਧਾਨ ਸੁਰਿੰਦਰ ਸਿੰਘ ਜੱਬਲ, ਕੇਂਦਰੀ ਪੰਜਾਬੀ ਲੇਖਕ ਸਭਾ (ਉੱਤਰੀ ਅਮਰੀਕਾ) ਦੇ ਸਾਬਕਾ ਪ੍ਰਧਾਨ ਬਿੱਕਰ ਸਿੰਘ ਖੋਸਾ, ਅਦਾਕਾਰ ਗੁਰਚਰਨ ਸਿੰਘ ਟੱਲੇਵਾਲੀਆ, ਪ੍ਰਸਿੱਧ ਨਾਵਲਕਾਰ ਜਰਨੈਲ ਸਿੰਘ ਸੇਖਾ, ਹਰਦਮ ਸਿੰਘ ਮਾਨ, ਜਰਨੈਲ ਸਿੰਘ ਸਿੱਧੂ, ਹਰਿਦਰਸ਼ਨ ਸੈਮੇਰੀਅਲ ਇੰਟਰਨੈਸ਼ਨਲ ਟਰੱਸਟ ਕੈਨੇਡਾ ਦੇ ਇੰਡੀਅਨ ਚੈਪਟਰ ਦੇ ਇੰਚਾਰਜ ਉਜਾਗਰ ਸਿੰਘ (ਸਾਬਕਾ ਜ਼ਿਲ੍ਹਾ ਲੋਕ ਸੰਪਰਕ ਅਧਿਕਾਰੀ), ਵਿਸ਼ਵ ਪੰਜਾਬੀ ਸੈਂਟਰ ਸੁਸਾਇਟੀ, ਪੰਜਾਬੀ ਯੂਨੀਵਰਸਿਟੀ ਦੇ ਸਾਬਕਾ ਡਾਇਰੈਕਟਰ ਡਾ. ਬਲਕਾਰ ਸਿੰਘ ਅਤੇ ਬਿਜਲੀ ਬੋਰਡ ਦੇ ਸਾਬਕਾ ਚੀਫ਼ ਇੰਜਨੀਅਰ ਜੋਤਿੰਦਰ ਸਿੰਘ ਨੇ ਡੂੰਘਾ ਦੁੱਖ ਪ੍ਰਗਟ ਕਰਦਿਆਂ ਜੈਤੇਗ ਸਿੰਘ ਅਨੰਤ ਨਾਲ ਹਮਦਰਦੀ ਪ੍ਰਗਟ ਕੀਤੀ ਹੈ।

ਸਵ. ਜਸਪਾਲ ਕੌਰ ਅਨੰਤ ਆਪਣੇ ਪਿੱਛੇ ਪਤੀ ਜੈਤੇਗ ਸਿੰਘ ਅਨੰਤ, ਸਪੁੱਤਰ ਕੁਲਬੀਰ ਸਿੰਘ, ਨੂੰਹ ਬੰਧਨਾ ਢੀਂਡਸਾ, ਸਪੁੱਤਰੀ ਕੁਲਪ੍ਰੀਤ ਕੌਰ, ਦਾਮਾਦ ਰਾਜਿੰਦਰ ਸਿੰਘ ਵੜੈਚ ਅਤੇ ਪੰਜ ਦੋਹਤੇ ਦੋਹਤੀਆਂ, ਪੋਤੇ-ਪੋਤੀਆਂ ਛੱਡ ਗਏ ਹਨ। ਉਨ੍ਹਾਂ ਦਾ ਸਸਕਾਰ 9 ਨਵੰਬਰ 2025 (ਐਤਵਾਰ) ਨੂੰ ਰਿਵਰਸਾਈਡ ਫਿਊਨਰਲ ਹੋਮ ਡੈਲਟਾ ਵਿਖੇ ਦੁਪਹਿਰ 12.30 ਵਜੇ ਹੋਵੇਗਾ ਅਤੇ ਅੰਤਿਮ ਅਰਦਾਸ ਉਸੇ ਦਿਨ ਬਾਅਦ ਦੁਪਹਿਰ 2.30 ਵਜੇ ਗੁਰਦੁਆਰਾ ਬਰੱਕਸਾਈਡ ਸਰੀ ਵਿਖੇ ਹੋਵੇਗੀ।

ਖਾਲਸਾ ਕਾਲਜ ਗੁਰਦਾਸਨੰਗਲ ਵਿਖੇ ਅੰਤਰਰਾਸ਼ਟਰੀ ਸੈਮੀਨਾਰ ਕਰਵਾਇਆ।

ਵਰਲਡ ਪੰਜਾਬੀ ਟਾਈਮਜ਼

ਗੁਰਦਾਸਨੰਗਲ 4 ਨਵੰਬਰ : ਐਡਵੋਕੇਟ ਹਰਜਿੰਦਰ ਸਿੰਘ ਧਾਮੀ,ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸ੍ਰ.ਸੁਖਮਿੰਦਰ ਸਿੰਘ ਵਿੱਦਿਆ ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਰਪ੍ਰਸਤੀ ਹੇਠ , ਪ੍ਰਿੰਸੀਪਲ ਡਾ.ਗੁਰਜੀਤ ਸਿੰਘ ਦੀ ਦੇਖ-ਰੇਖ ਅਧੀਨ ਚੱਲ ਰਹੇ ਬਾਬਾ ਅਜੈ ਸਿੰਘ ਖਾਲਸਾ ਕਾਲਜ ਗੁਰਦਾਸਨੰਗਲ ਵਿਖੇ ਮਿਤੀ 1 ਨਵੰਬਰ ਦਿਨ ਸ਼ਨੀਵਾਰ ਨੂੰ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਅੰਤਰਰਾਸ਼ਟਰੀ ਸੈਮੀਨਾਰ ਕਰਵਾਇਆ ਗਿਆ। ਸੈਮੀਨਾਰ ਦਾ ਵਿਸ਼ਾ ਸ੍ਰੀ ਗੁਰੂ ਤੇਗ ਬਹਾਦਰ ਜੀ : ਜੀਵਨ, ਬਾਣੀ ਅਤੇ ਸ਼ਹਾਦਤ ਵਿਸ਼ੇ ਨਾਲ ਸਬੰਧਿਤ ਸੀ। ਕਾਲਜ ਪ੍ਰਿੰਸੀਪਲ ਡਾ.ਗੁਰਜੀਤ ਸਿੰਘ ਨੇ ਆਪਣੇ ਸਵਾਗਤੀ ਭਾਸ਼ਣ ਰਾਹੀਂ ਆਏ ਹੋਏ ਮਹਿਮਾਨ ਵਿਦਵਾਨ ਸਾਹਿਬਾਨ ਦਾ ਸਵਾਗਤ ਕੀਤਾ। ਇਸ ਮੌਕੇ ਪ੍ਰੋਫੈਸਰ ਬਾਬਾ ਨਿਰਮਲ ਸਿੰਘ ਰੰਧਾਵਾ ਅੰਤਰਰਾਸ਼ਟਰੀ ਗਤਕਾ ਕੋਚ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਡਾ. ਨਰੇਸ਼, ਐਸੋਸੀਏਟ ਪ੍ਰੋਫੈਸਰ ਤੇ ਮੁੱਖੀ ਪੰਜਾਬੀ ਤੇ ਡੋਗਰੀ ਵਿਭਾਗ ਕੇਂਦਰੀ



ਯੂਨੀਵਰਸਿਟੀ ਹਿਮਾਚਲ ਪ੍ਰਦੇਸ਼ ਨੇ ਕੁੰਜੀਵਤ ਭਾਸ਼ਣ ਨਾਲ ਸੈਮੀਨਾਰ ਦਾ ਆਗਾਜ਼ ਕੀਤਾ। ਇਸ ਉਪਰੰਤ ਮੁੱਖ ਮਹਿਮਾਨ ਪ੍ਰੋ. ਬਾਬਾ ਨਿਰਮਲ ਸਿੰਘ ਰੰਧਾਵਾ ਨੇ ਗੁਰੂ ਸਾਹਿਬ ਦੇ ਜੀਵਨ ਅਤੇ ਸ਼ਹਾਦਤ ਸਬੰਧੀ ਆਪਣੇ ਵਿਚਾਰ ਸਾਂਝੇ ਕੀਤੇ। ਉਪਰੰਤ ਡਾ. ਹਰਜਿੰਦਰ ਕੌਰ ਸੋਹਲ, ਪੰਜਾਬੀ ਅਧਿਐਨ ਸਕੂਲ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਨੇ ਉਚੇਚੇ ਤੌਰ ਤੇ ਗੁਰੂ ਸਾਹਿਬ ਦੇ ਜੀਵਨ ਦਰਸ਼ਨ ਤੇ ਚਾਨਣਾ ਪਾਇਆ। ਬੀਬੀ ਜਸਬੀਰ ਕੌਰ ਜ਼ਫ਼ਰਵਾਲ ਅਤੇ ਸ੍ਰ. ਗੁਰਿੰਦਰਪਾਲ ਸਿੰਘ ਗੇਰਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਵਿਸ਼ੇਸ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸ੍ਰ. ਗੁਰਿੰਦਰਪਾਲ ਸਿੰਘ ਗੇਰਾ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ਼ਤਾਬਦੀ ਸਮਾਰੋਹ ਸਬੰਧੀ ਉਲੀਕੇ ਗਏ ਪ੍ਰੋਗਰਾਮਾਂ ਬਾਰੇ ਜਾਣਕਾਰੀ ਸਾਂਝੀ ਕਰਦੇ ਹੋਏ ਗੁਰੂ ਤੇਗ ਬਹਾਦਰ ਜੀ, ਭਾਈ ਮਤੀ ਦਾਸ, ਭਾਈ ਸਤੀ ਦਾਸ ਅਤੇ ਭਾਈ ਦਿਆਲਾ ਜੀ ਦੀ ਅਦੁੱਤੀ ਸ਼ਹਾਦਤ ਦੇ ਸੰਦਰਭ ਵਿੱਚ ਆਪਣੇ ਵਿਚਾਰ ਸਾਂਝੇ ਕੀਤੇ। ਡਾ.ਗੁਰਵੰਤ ਸਿੰਘ ਮੁਖੀ ਪੰਜਾਬੀ ਵਿਭਾਗ ਐੱਸ. ਐਲ. ਬਾਵਾ.ਡੀ.ਏ.ਵੀ.ਕਾਲਜ ਬਟਾਲਾ, ਡਾ.ਗੁਰਬੀਰ ਸਿੰਘ ਬਰਾੜ ਮੁਖੀ ਪੰਜਾਬੀ ਵਿਭਾਗ ਗੁਰੂ ਨਾਨਕ ਕਾਲਜ ਬਟਾਲਾ, ਡਾ.ਗੁਰਜੰਟ ਸਿੰਘ ਮੁਖੀ ਪੰਜਾਬੀ ਵਿਭਾਗ ਤ੍ਰੈ ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਅੰਮ੍ਰਿਤਸਰ, ਪ੍ਰੋ. ਕੰਵਲਜੀਤ ਕੌਰ ਮੁਖੀ ਹਿੰਦੀ ਵਿਭਾਗ ਐਸ.ਐਸ.ਐਮ.ਕਾਲਜ ਦੀਨਾਨਗਰ, ਪ੍ਰੋ. ਅਕਾਸ਼ਬੀਰ ਸਿੰਘ ਸਹਾਇਕ ਪ੍ਰੋਫ਼ੈਸਰ ਸੰਤ ਸਿੰਘ ਸੁੱਖਾ ਸਿੰਘ ਕਾਲਜ ਆਫ ਕਮਰਸ ਅਤੇ ਅਲਾਈਡ ਸਟੱਡੀਜ਼, ਡਾ. ਸਤਿੰਦਰਜੀਤ ਕੌਰ ਬੁੱਟਰ ਲੈਕਚਰਾਰ ਬਟਾਲਾ ਨੇ ਗੁਰੂ ਸਾਹਿਬ ਦੇ ਜੀਵਨ , ਬਾਣੀ ਅਤੇ ਸ਼ਹਾਦਤ ਆਦਿ ਵਿਸ਼ਿਆਂ ਤੇ ਆਪਣੇ ਖੋਜ ਪੱਤਰ ਪੇਸ਼ ਕੀਤੇ। ਸੈਮੀਨਾਰ ਦੀ ਸਮਾਪਤੀ ਤੇ ਡਾ. ਨਿਰਮਲ ਸਿੰਘ ਸਹਾਇਕ ਪ੍ਰੋਫ਼ੈਸਰ ਰਾਜਨੀਤੀ ਸ਼ਾਸਤਰ ਵਿਭਾਗ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਨੇ ਆਪਣੇ ਪ੍ਰਧਾਨਗੀ ਭਾਸ਼ਣ ਰਾਹੀਂ ਸੈਮੀਨਾਰ ਦੇ ਵਿਸ਼ੇ ਦੇ ਸੰਦਰਭ ਵਿੱਚ ਆਪਣੇ ਵਿਚਾਰ ਪੇਸ਼ ਕੀਤੇ। ਕਾਲਜ ਪ੍ਰੋਫ਼ੈਸਰ ਰਮਨਦੀਪ ਕੌਰ ਪੰਜਾਬੀ ਵਿਭਾਗ ਨੇ ਮੰਚ ਸੰਚਾਲਕ ਦੀ ਭੂਮਿਕਾ ਬਾਖੂਬੀ ਨਿਭਾਈ। ਕਾਲਜ ਪ੍ਰਿੰਸੀਪਲ ਡਾ.ਗੁਰਜੀਤ ਸਿੰਘ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਅਤੇ ਦਿੰਦੀ. ਸੁਖਮਿੰਦਰ ਸਿੰਘ ਸਕੱਤਰ ਵਿੱਦਿਆ ਦਾ ਉਚੇਚੇ ਤੌਰ ਤੇ ਧੰਨਵਾਦ ਕੀਤਾ ਜਿੰਨਾਂ ਦੇ ਦਿਸ਼ਾ- ਨਿਰਦੇਸ਼ ਹੇਠ ਇਸ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਉਹਨਾਂ ਨੇ ਸੈਮੀਨਾਰ ਦੇ ਕੋਆਰਡੀਨੇਟਰ ਡਾ. ਆਤਮਾ ਸਿੰਘ ਨੂੰ ਸੈਮੀਨਾਰ ਦੀ ਸਫਲਤਾਪੂਰਵਕ ਸੰਪੰਨਤਾ ਤੇ ਵਧਾਈ ਦਿੱਤੀ। ਇਸ ਮੌਕੇ ਡਾ. ਕੁਲਵਿੰਦਰ ਸਿੰਘ ਪ੍ਰਿੰਸੀਪਲ ਤ੍ਰੈ ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਅੰਮ੍ਰਿਤਸਰ, ਡਾ. ਰੁਪਿੰਦਰ ਸਿੰਘ ਪ੍ਰਿੰਸੀਪਲ ਸ਼ਹੀਦ ਬਾਬਾ ਜੀਵਨ ਸਿੰਘ ਖਾਲਸਾ ਕਾਲਜ ਸਤਲਾਣੀ ਸਾਹਿਬ, ਡਾ. ਚਰਨਜੀਤ ਸਿੰਘ ਪ੍ਰਿੰਸੀਪਲ ਗੁਰੂ ਨਾਨਕ ਕਾਲਜ ਬਟਾਲਾ, ਡਾ. ਹਰਮਨਦੀਪ ਸਿੰਘ ਪ੍ਰਿੰਸੀਪਲ ਗੁਰੂ ਅਰਜਨ ਦੇਵ ਖਾਲਸਾ ਕਾਲਜ ਚੋਹਲਾ ਸਾਹਿਬ, ਡਾ. ਹਿੰਮਤ ਸਿੰਘ ਸਹਾਇਕ ਪ੍ਰੋਫ਼ੈਸਰ ਗੁਰੂ ਅਰਜਨ ਦੇਵ ਖਾਲਸਾ ਕਾਲਜ ਚੋਹਲਾ ਸਾਹਿਬ, ਸ੍ਰ. ਗੁਰਬਿੰਦਰ ਸਿੰਘ ਮੀਤ ਮੈਨੇਜਰ ਗੁਰਦੁਆਰਾ ਬਾਰਠ ਸਾਹਿਬ ਉਚੇਚੇ ਤੌਰ ਤੇ ਹਾਜ਼ਰ ਸਨ। ਸੈਮੀਨਾਰ ਦੀ ਸੰਪੰਨਤਾ ਤੇ ਕਾਲਜ ਪਹੁੰਚੇ ਮਹਿਮਾਨ ਵਿਦਵਾਨ ਸਾਹਿਬਾਨ ਨੂੰ ਯਾਦਗਾਰੀ ਚਿੰਨ੍ਹ ਭੇਂਟ ਕੀਤੇ ਗਏ। ਇਥੇ ਜ਼ਿਕਰਯੋਗ ਹੈ ਕਿ ਕਾਲਜ ਵਿੱਚ ਮਿਤੀ 1 ਨਵੰਬਰ ਤੋਂ 7 ਨਵੰਬਰ 2025 ਤੱਕ ਪੰਜਾਬੀ ਹਫ਼ਤਾ ਮਨਾਇਆ ਜਾਵੇਗਾ ਜਿਸ ਦਾ ਆਰੰਭ ਅੰਤਰਰਾਸ਼ਟਰੀ ਸੈਮੀਨਾਰ ਕਰਵਾ ਕੇ ਕੀਤਾ ਗਿਆ। ਪੰਜਾਬੀ ਹਫ਼ਤਾ ਮਨਾਉਣ ਦਾ ਉਦੇਸ਼ ਜਿੱਥੇ ਪੰਜਾਬੀ ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਨੂੰ ਪ੍ਰਫੁੱਲਿਤ ਕਰਨਾ ਹੈ ਉਥੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਜੀਵਨ, ਬਾਣੀ ਅਤੇ ਸ਼ਹਾਦਤ ਦੇ ਸੰਦਰਭ ਵਿੱਚ ਮਨੁੱਖਤਾ ਲਈ ਉਹਨਾਂ ਦੇ ਵਡਮੁੱਲੇ ਯੋਗਦਾਨ ਤੋਂ ਨਵੀਂ ਪੀੜ੍ਹੀ ਨੂੰ ਜਾਗਰੂਕ ਕਰਨਾ ਹੈ।

ਗੁਜਰਾਂਵਾਲਾ ਖਾਲਸਾ ਕਾਲਜ ਵੱਲੋਂ ਕਰਵਾਇਆ ਗਿਆ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਪੁਰਬ ਨੂੰ ਸਮਰਪਤ ਕਾਵਿ ਉਚਾਰਨ ਮੁਕਾਬਲਾ

ਵਰਲਡ ਪੰਜਾਬੀ ਟਾਈਮਜ਼ ਅੰਜੂ ਅਮਨਦੀਪ ਗਰੇਵਰ

ਲੁਧਿਆਣਾ 4 ਨਵੰਬਰ : ਗੁਜਰਾਂਵਾਲਾ ਗੁਰੂ ਨਾਨਕ ਖ਼ਾਲਸਾ ਲੁਧਿਆਣਾ ਦੀ ਗੁਰਮਤਿ ਸਭਾ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਪੁਰਬ ਨੂੰ ਸਮਰਪਿਤ ਅੰਤਰ ਸਕੂਲ ਕਾਵਿ ਉਚਾਰਨ ਮੁਕਾਬਲੇ ਦਾ ਆਯੋਜਨ ਕਰਵਾਇਆ ਗਿਆ। ਜਿਸ ਵਿੱਚ ਵੱਖ ਵੱਖ ਸਕੂਲਾਂ ਦੇ 27 ਵਿਦਿਆਰਥੀਆਂ ਨੇ ਸ਼ਿਰਕਤ ਕੀਤੀ।

ਇਸ ਪ੍ਰੋਗਰਾਮ ਦੀ ਪ੍ਰਧਾਨਗੀ ਪ੍ਰਸਿੱਧ ਗ਼ਜ਼ਲਗੋ ਡਾ. ਗੁਰਚਰਨ ਕੌਰ ਕੋਚਰ, ਮੀਤ ਪ੍ਰਧਾਨ ਪੰਜਾਬੀ ਸਾਹਿਤ ਅਕੈਡਮੀ ਲੁਧਿਆਣਾ ਨੇ ਕੀਤੀ। ਪ੍ਰੋਗਰਾਮ ਦੇ ਆਰੰਭ ਵਿੱਚ ਡਾ. ਸ. ਪ. ਸਿੰਘ ਪ੍ਰਧਾਨ ਗੁਜਰਾਂਵਾਲਾ ਖਾਲਸਾ ਐਜੂਕੇਸ਼ਨਲ ਕੌਂਸਲ ਅਤੇ ਸਾਬਕਾ ਵਾਈਸ ਚਾਂਸਲਰ ਗੁਰੂ ਨਾਨਕ ਦੇਵ ਯੂਨੀਵਰਸਿਟੀ ਨੇ ਰਸਮੀ ਤੌਰ ਤੇ ਸਭ ਨੂੰ ਜੀ ਆਇਆ ਕਿਹਾ । ਉਨ੍ਹਾਂ ਨੇ ਗੁਰੂ ਤੇਗ ਬਹਾਦਰ ਜੀ ਦੇ ਜੀਵਨ ਤੇ ਕੁਰਬਾਨੀ ਬਾਰੇ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ। ਉਹਨਾਂ ਨੇ ਕਿਹਾ ਕਿ ਅਜਿਹੇ ਸ਼ਤਾਬਦੀ ਸਮਾਰੋਹਾਂ ਮੌਕੇ ਵੱਧ ਤੋਂ ਵੱਧ ਕੋਸ਼ਿਸ਼ ਕਰਨੀ ਚਾਹੀਦੀ ਹੈ ਕਿ ਬੱਚਿਆਂ ਨੂੰ ਆਪਣੇ ਵਿਰਸੇ ਤੇ ਧਰਮ ਨਾਲ ਜੋੜਿਆ ਜਾਵੇ। ਡਾ. ਗੁਰਚਰਨ ਕੌਰ ਕੋਚਰ ਨੇ ਆਪਣਾ ਪ੍ਰਧਾਨਗੀ ਭਾਸ਼ਣ ਸਾਂਝੇ ਕਰਦਿਆਂ ਕਿਹਾ ਕਿ ਅਸੀਂ ਖੁਸ਼ਕਿਸਮਤ ਹਾਂ ਜਿਨਾਂ ਨੂੰ ਆਪਣੇ ਮਹਾਨ ਪੁਰਖਿਆਂ ਦੇ ਅਜਿਹੇ ਸਮਾਗਮ ਕਰਨ, ਕਰਵਾਉਣ ਦਾ ਅਵਸਰ ਮਿਲਿਆ ਹੈ। ਉਹਨਾਂ ਨੇ ਗੁਰੂ ਸਾਹਿਬ ਦੀ ਲਾਸਾਨੀ ਸ਼ਹਾਦਤ, ਉਨਾਂ ਦੀ ਗੁਰਬਾਣੀ, ਵਿਚਾਰਧਾਰਾ ਬਾਰੇ ਵੀ ਆਪਣੇ ਵਿਚਾਰ ਸਾਂਝੇ ਕੀਤੇ। ਉਹਨਾਂ ਨੇ ਵਿਦਿਆਰਥੀਆਂ ਨੂੰ ਕਿਹਾ ਕਿ ਅਜੇਕੇ ਸਮੇਂ ਸਾਡੇ ਸਮਾਜ ਵਿੱਚ ਅਨੇਕਾਂ ਅਲਾਮਤਾਂ ਹਨ ਜਿਨ੍ਹਾਂ ਤੋਂ ਅਸੀਂ ਆਪਣੇ ਇਤਿਹਾਸ, ਗੁਰਬਾਣੀ ਤੇ ਮਾਂ ਬੋਲੀ ਨਾਲ ਜੁੜ ਕੇ ਛੁਟਕਾਰਾ ਪਾ ਸਕਦੇ ਹਾਂ। ਇਸ ਉਪਰੰਤ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਕਵਿਤਾਵਾਂ ਦਾ ਉਚਾਰਨ ਕਰਕੇ ਗੁਰੂ ਸਾਹਿਬ ਨੂੰ ਅਕੀਦਤ ਦੇ ਫੁੱਲ ਭੇਂਟ ਕੀਤੇ ।

ਇਸ ਮੁਕਾਬਲੇ ਵਿੱਚ ਪਹਿਲਾ ਸਥਾਨ ਕੁਲਮੀਤ ਕੌਰ ਗੁਰੂ ਨਾਨਕ ਇੰਟਰਨੈਸ਼ਨਲ ਪਬਲਿਕ ਸਕੂਲ ਗੁੱਜਰਖਾਨ ਕੈਂਪਸ ਦੂਜਾ ਸਥਾਨ ਕਰਮਨਜੋਤ ਕੌਰ ਗੁਰੂ ਨਾਨਕ ਮਲਟੀਵਰਿਸਟੀ ਸਕੂਲ, ਤੀਜਾ ਸਥਾਨ ਮਨਸਿਫਤ ਕੌਰ ਗੁਰੂ ਨਾਨਕ ਇੰਟਰਨੈਸ਼ਨਲ ਪਬਲਿਕ ਸਕੂਲ ਗੁੱਜਰ ਖਾਨ ਕੈਂਪਸ ਨੇ ਹਾਸਿਲ ਕੀਤਾ। ਵਿਸ਼ੇਸ਼ ਇਨਾਮ ਜਪਮਨ ਕੌਰ ਗੁਰੂ ਨਾਨਕ ਦੇਵ ਜੀ ਇੰਸਟੀਚਿਊਟ ਆਫ ਸੁਚੱਜੀ ਫਾਊਂਡੇਸ਼ਨ ਅਤੇ ਸਹਿਜਪ੍ਰੀਤ ਕੌਰ ਅੰਮ੍ਰਿਤ ਇੰਡੋ ਕੈਨੇਡੀਅਨ ਅਕੈਡਮੀ ਵੱਲੋਂ ਪ੍ਰਾਪਤ ਕੀਤਾ ਗਿਆ।

ਗੁਰਮਤਿ ਸਭਾ ਦੇ ਇੰਚਾਰਜ ਪ੍ਰੋ. ਜਸਪ੍ਰੀਤ ਕੌਰ ਨੇ ਅਖੀਰ ਤੇ ਸਭ ਦਾ ਰਸਮੀ ਤੌਰ ਤੇ ਧੰਨਵਾਦ ਕੀਤਾ। ਡਾ. ਅਰਵਿੰਦਰ ਕੌਰ, ਪ੍ਰੋ. ਮੁਨੀਸ਼ਾ, ਡਾ. ਮਨਪ੍ਰੀਤ ਕੌਰ ਨੇ ਜੱਜ ਦੀ ਭੂਮਿਕਾ ਬਾਖੂਬੀ ਨਿਭਾਈ। ਇਸ ਮੌਕੇ ਕਾਲਜ ਦੇ ਵਾਈਸ ਪ੍ਰਿੰਸੀਪਲ ਡਾ. ਸੁਸ਼ਮਿੰਦਰਜੀਤ ਕੌਰ, ਡਾ. ਦਲੀਪ ਸਿੰਘ, ਇਸ ਪ੍ਰੋਗਰਾਮ ਦੇ ਪ੍ਰਬੰਧਕੀ ਸਕੱਤਰ ਪ੍ਰੋ. ਸ਼ਰਨਜੀਤ ਕੌਰ, ਪ੍ਰੋ. ਮਨਜੀਤ ਸਿੰਘ, ਡਾ. ਗੁਰਪ੍ਰੀਤ ਕੌਰ, ਪ੍ਰੋ. ਤਲਵਿੰਦਰ ਕੌਰ ਸਮੇਤ ਹੋਰ ਵੀ ਸਟਾਫ ਮੈਂਬਰ ਹਾਜ਼ਰ ਰਹੇ।

ਕਾਮਯਾਬ ਰਿਹਾ ਮਹਿਕਦੇ ਅਲਫ਼ਾਜ਼ ਸਾਹਿਤ ਸਭਾ ਵੱਲੋਂ ਬੰਦੀ ਛੋੜ ਦਿਵਸ ਅਤੇ ਦੀਵਾਲੀ ਨੂੰ ਸਮਰਪਿਤ ਤ੍ਰੈਭਾਸ਼ੀ ਕਵੀ ਦਰਬਾਰ

ਵਰਲਡ ਪੰਜਾਬੀ ਟਾਈਮਜ਼ ਅੰਜੂ ਅਮਨਦੀਪ ਗਰੇਵਰ

ਚੰਡੀਗੜ੍ਹ, 4ਨਵੰਬਰ : ਮਹਿਕਦੇ ਅਲਫ਼ਾਜ਼ ਸਾਹਿਤ ਸਭਾ ਵੱਲੋਂ ਬੰਦੀ ਛੋੜ ਦਿਵਸ ਅਤੇ ਦੀਵਾਲੀ ਨੂੰ ਸਮਰਪਿਤ 35 ਵਾਂ ਆਨਲਾਈਨ ਕਵੀ ਦਰਬਾਰ ਕਰਾਇਆ ਗਿਆ। ਸਰਪ੍ਰਸਤ ਅਤੇ ਨਾਮਵਰ ਗ਼ਜ਼ਲਗੋ ਡਾ. ਗੁਰਚਰਨ ਕੌਰ ਕੋਚਰ ਜੀ ਅਤੇ ਸੰਸਥਾਪਕ/ਪ੍ਰਧਾਨ ਡਾ. ਰਵਿੰਦਰ ਕੌਰ ਭਾਟੀਆਂ ਜੀ ਨੇ ਆਏ ਹੋਏ ਸਾਰੇ ਹੀ ਸਾਹਿਤਕਾਰਾਂ ਅਤੇ ਸਾਹਿਤ ਪ੍ਰੇਮੀਆਂ ਦਾ ਨਿੱਘੇ ਸ਼ਬਦਾਂ ਨਾਲ ਸਵਾਗਤ ਕੀਤ

ਵਰਲਡ ਪੰਜਾਬੀ ਟਾਈਮਜ਼ 04 ਨਵੰਬਰ 2025 ਦਿਨ ਮੰਗਲਵਾਰ

ਨਸ਼ੇ ਦੀ ਬੁਰਾਈ ਨੂੰ ਦੂਰ ਕਰਨਾ ਸਾਡਾ ਸਭ ਦਾ ਮੁੱਢਲਾ ਫਰਜ਼ : ਡਿਪਟੀ ਕਮਿਸ਼ਨਰ

“ਯੁੱਧ ਨਸ਼ਿਆਂ ਵਿਰੁੱਧ” ਦੇ ਤਹਿਤ ਜ਼ਿਲ੍ਹੇ ਵਿੱਚ ਵਿਆਪਕ ਪੱਧਰ ਤੇ ਕਾਰਵਾਈਆਂ : ਡੀਆਈਜੀ

ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਸਿਵਲ ਤੇ ਪੁਲਿਸ ਪ੍ਰਸ਼ਾਸਨ ਨੂੰ ਵੱਧ ਤੋਂ ਵੱਧ ਸਹਿਯੋਗ ਦੇਣ ਆਮ ਲੋਕ : ਐਸਐਸਪੀ

ਸੂਬਾ ਸਰਕਾਰ ਵਲੋਂ ਨਸ਼ੇ ਨੂੰ ਜੜੋਂ ਖਤਮ ਕਰਨ ਦੇ ਲਈ ਜ਼ਮੀਨੀ ਪੱਧਰ ‘ਤੇ ਉਪਰਾਲੇ ਜਾਰੀ : ਚੁਸਪਿੰਦਰਬੀਰ

ਨਸ਼ਾ ਮੁਕਤੀ ਐਪ ਕੀਤੀ ਲਾਂਚ, ਵਿਲੇਜ ਡਿਫੈਂਸ ਕਮੇਟੀ ਅਤੇ ਵਾਰਡ ਡਿਫੈਂਸ ਕਮੇਟੀ ਦੇ ਮੈਂਬਰਾਂ ਨੂੰ ਕਰਵਾਇਆ ਜਾਣੂ

ਵਰਲਡ ਪੰਜਾਬੀ ਟਾਈਮਜ਼ ਗੁਰਪ੍ਰੀਤ ਚੰਹਲ

ਬਠਿੰਡਾ, 4 ਨਵੰਬਰ : ਸਮਾਜ ਅੰਦਰੋਂ ਨਸ਼ੇ ਦੀ ਬੁਰਾਈ ਨੂੰ ਦੂਰ ਕਰਨਾ, ਸਾਡਾ ਸਭ ਦਾ ਮੁੱਢਲਾ ਫਰਜ਼ ਹੈ। ਇਹਨਾਂ ਗੱਲਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਸ਼੍ਰੀ ਰਾਜੇਸ਼ ਧੀਮਾਨ ਨੇ ਸੂਬਾ ਸਰਕਾਰ ਵੱਲੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਵਿੱਢੀ ਗਈ ਨਸ਼ਾ ਮੁਕਤੀ ਮੁਹਿੰਮ ਤਹਿਤ ਸਥਾਨਕ ਸਰਕਾਰੀ ਰਜਿੰਦਰਾ ਕਾਲਜ ਵਿਖੇ ਕਰਵਾਏ ਗਏ ਸਮਾਗਮ ਮੌਕੇ ਸੰਬੋਧਨ ਕਰਦਿਆਂ ਕੀਤਾ।

ਇਸ ਮੌਕੇ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਨਸ਼ੇ ਦੀ ਭੈੜੀ ਅਲਾਮਤ ਨੂੰ ਖਤਮ ਕਰ ਲਈ ਸਾਡਾ ਸਾਰਿਆਂ ਦਾ ਇੱਕਜੁੱਟ ਹੋਣਾ ਬਹੁਤ ਜ਼ਰੂਰੀ ਹੈ ਉਹਨਾਂ ਕਿਹਾ ਕਿ ਜੋ ਵਿਅਕਤੀ ਨਸ਼ੇ ਦਾ ਆਦੀ ਹੁੰਦਾ ਹੈ ਉਹ ਆਪਣੀ ਮੌਤ ਨੂੰ ਬੁਲਾਵਾ ਦੇ ਰਿਹਾ ਹੁੰਦਾ ਹੈ। ਉਹਨਾਂ ਇਹ ਵੀ ਕਿਹਾ ਕਿ ਜੇਕਰ ਅਸੀਂ ਚੰਗੇ ਸਮਾਜ ਦੀ ਸਿਰਜਣਾ ਕਰਨੀ ਹੈ ਤਾਂ ਨਸ਼ੇ ਵਰਗੇ ਕੋਹੜ ਨੂੰ ਤਿਆਗਣਾ ਹੀ ਸਾਡਾ ਅਸਲ ਧਰਮ ਹੈ।

ਇਸ ਮੌਕੇ ਡੀਆਈਜੀ ਬਠਿੰਡਾ ਰੇਂਜ ਸ ਹਰਜੀਤ ਸਿੰਘ ਨੇ ਆਪਣੇ ਸੰਬੋਧਨ ਵਿੱਚ ਦੱਸਿਆ ਕਿ ਪੰਜਾਬ ਸਰਕਾਰ ਦੇ ਨਿਰਦੇਸ਼ਾਂ ਅਨੁਸਾਰ ਮਿਸ਼ਨ “ਯੁੱਧ ਨਸ਼ਿਆਂ ਵਿਰੁੱਧ” ਦੇ ਤਹਿਤ ਜ਼ਿਲ੍ਹੇ ਵਿੱਚ ਵਿਆਪਕ ਪੱਧਰ ਤੇ ਕਾਰਵਾਈਆਂ ਕੀਤੀਆਂ ਜਾ ਰਹੀਆਂ ਹਨ। ਉਹਨਾਂ ਕਿਹਾ ਕਿ ਪੁਲਿਸ ਅਤੇ ਸਿਵਲ ਪ੍ਰਸ਼ਾਸਨ ਵੱਲੋਂ ਲਗਾਤਾਰ ਜ਼ਿਲ੍ਹੇ ਅੰਦਰ ਨਸ਼ੇ ਨੂੰ ਠੱਲ ਪਾਉਣ ਲਈ ਜ਼ਮੀਨੀ ਪੱਧਰ ‘ਤੇ ਗਤੀਵਿਧੀਆਂ ਕੀਤੀਆਂ ਜਾ ਰਹੀਆਂ ਹਨ।

ਇਸ ਮੌਕੇ ਐਸਐਸਪੀ ਅਮਨੀਤ ਕੌਂਡਲ ਨੇ ਦੱਸਿਆ ਕਿ ਯੁੱਧ ਨਸ਼ਿਆਂ ਵਿਰੁੱਧ ਤਹਿਤ ਕਾਰਵਾਈ ਕਰਦੇ ਹੋਏ 01 ਮਾਰਚ 2025 ਤੋਂ 1311 ਮੁਕੱਦਮੇ ਦਰਜ ਕਰਕੇ 1973 ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ, ਜਿੰਨ੍ਹਾਂ ਵਿੱਚ 68 ਵੱਡੀਆਂ ਮੱਛੀਆਂ ਵੀ ਸ਼ਾਮਿਲ ਹਨ। ਇਸਦੇ ਨਾਲ ਹੀ ਸਾਲ 2023 ਤੋਂ ਹੁਣ ਤੱਕ ਨਸ਼ਾ ਤਸਕਰਾਂ ਦੀ 14 ਕਰੋੜ ਦੇ ਕਰੀਬ ਦੀ ਜਾਇਦਾਦ ਫਰੀਜ ਕਰਵਾਈ ਗਈ ਹੈ।

ਇਸ ਮੌਕੇ ਐਸਐਸਪੀ ਮੈਡਮ ਅਮਨੀਤ ਕੌਂਡਲ ਨੇ ਕਿਹਾ ਕਿ ਸਿਵਲ ਤੇ ਜ਼ਿਲ੍ਹਾ ਪ੍ਰਸ਼ਾਸਨ ਨੇ ਨਸ਼ਿਆਂ ਦੇ ਖਿਲਾਫ਼ ਆਰ-ਪਾਰ ਦੀ ਲੜਾਈ ਸ਼ੁਰੂ ਕੀਤੀ ਹੋਈ ਹੈ ਤੇ ਇਹ ਲੜਾਈ ਪੂਰੀ ਤਰ੍ਹਾਂ ਤਾਂ ਹੀ ਸਫਲ ਹੋ ਸਕਦੀ ਹੈ, ਜੇਕਰ ਲੋਕ ਇਸ ਵਿੱਚ ਪੂਰਨ ਸਾਥ ਦੇਣ।

ਇਸ ਦੌਰਾਨ ਐਸਐਸਪੀ ਮੈਡਮ ਅਮਨੀਤ ਕੌਂਡਲ ਨੇ ਜ਼ਿਲ੍ਹਾ ਵਾਸੀਆਂ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਨਸ਼ਿਆਂ ਦੇ ਕੋਹੜ ਨੂੰ ਜੜੋਂ ਖਤਮ ਕਰਨ ਲਈ ਪੁਲਿਸ ਦਾ ਸਹਿਯੋਗ ਦਿੱਤਾ ਜਾਵੇ, ਜੇਕਰ ਆਪ ਦੇ ਏਰੀਏ ਜਾਂ ਆਸ-ਪਾਸ ਕੋਈ ਨਸ਼ੇ ਦਾ ਗੈਰ ਕਾਨੂੰਨੀ ਤੌਰ ‘ਤੇ ਧੰਦਾ ਕਰਦਾ ਹੈ ਤਾਂ ਪੰਜਾਬ ਸਰਕਾਰ ਦੀ ਐਂਟੀ ਡਰੱਗ ਹੈਲਪਲਾਈਨ ਨੰਬਰ 97791-00200 ਜਾਂ ਬਠਿੰਡਾ ਪੁਲਿਸ ਦੀ ਐਂਟੀ ਡਰੱਗ ਹੈਲਪਲਾਈਨ ਨੰਬਰ 91155-02252 ਤੇ ਜਾਣਕਾਰੀ ਸਾਂਝੀ ਕਰ ਸਕਦੇ ਹੋ। ਉਨ੍ਹਾਂ ਇਹ ਵੀ ਕਿਹਾ ਕਿ ਜਾਣਕਾਰੀ ਦੇਣ ਵਾਲੇ ਦਾ ਨਾਮ ਅਤੇ ਪਹਿਚਾਣ ਗੁਪਤ ਰੱਖੀ ਜਾਵੇਗੀ।

ਇਸ ਮੌਕੇ ਨਸ਼ਾ ਮੁਕਤੀ ਮੋਰਚਾ ਦੇ ਮਾਲਵਾ ਵੈਸਟ ਦੇ ਕੋਆਡੀਨੇਟਰ ਸ਼੍ਰੀ ਚੁਸ਼ਪਿੰਦਰਬੀਰ ਚਹਿਲ ਨੇ ਕਿਹਾ ਕਿ ਸੂਬਾ ਸਰਕਾਰ ਵਲੋਂ ਨਸ਼ੇ ਨੂੰ ਜੜੋਂ ਖਤਮ ਕਰਨ ਦੇ ਲਈ ਜ਼ਮੀਨੀ ਪੱਧਰ ‘ਤੇ ਉਪਰਾਲੇ ਕੀਤੇ ਜਾ ਰਹੇ ਹਨ। ਉਹਨਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਦੇ ਲਈ ਪਿੰਡਾਂ ਵਿੱਚ ਲਾਈਬ੍ਰੇਰੀਆਂ, ਗਰਾਊਂਡ ਤੋਂ ਇਲਾਵਾ ਜਿਮ ਅਤੇ ਨੌਜਵਾਨਾਂ ਦੀ ਰੁਚੀ ਅਨੁਸਾਰ ਉਹਨਾਂ ਨੂੰ ਖੇਡਾਂ ਨਾਲ ਜੋੜਿਆ ਜਾ ਰਿਹਾ ਹੈ। ਇਸ ਮੌਕੇ ਉਹਨਾਂ ਇਹ ਵੀ ਕਿਹਾ ਕਿ ਨਸ਼ੇ ਦੀ ਸਪਲਾਈ ਲਾਈਨ ਟ੍ਰੱਟ ਚੁੱਕੀ ਹੈ ਤੇ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ।

ਇਸ ਮੌਕੇ ਨਸ਼ਾ ਮੁਕਤੀ ਐਪ ਵੀ ਲਾਂਚ ਕੀਤੀ ਗਈ। ਇਸ ਤੋਂ ਇਲਾਵਾ ਵਿਲੇਜ ਡਿਫੈਂਸ ਕਮੇਟੀ ਅਤੇ ਵਾਰਡ ਡਿਫੈਂਸ ਕਮੇਟੀ ਦੇ ਮੈਂਬਰਾਂ ਨੂੰ ਇਸ ਐਪ ਬਾਰੇ ਜਾਣੂ ਕਰਵਾਇਆ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਵਿਕਾਸ ਮੈਡਮ ਕੰਚਨ, ਨਸ਼ਾ ਮੁਕਤੀ ਮੁਹਿੰਮ ਦੇ ਜ਼ਿਲ੍ਹਾ ਵਾਈਸ ਪ੍ਰਧਾਨ ਰੁਪਿੰਦਰ ਸਿੰਘ, ਜ਼ਿਲ੍ਹਾ ਕੁਆਰਡੀਨੇਟਰ ਗੁਰਸੇਵਕ ਸਿੰਘ ਬਾਂਡੀ, ਸਿਵਲ ਤੇ ਪੁਲਿਸ ਪ੍ਰਸ਼ਾਸਨਿਕ ਅਧਿਕਾਰੀ ਤੇ ਹੋਰ ਪ੍ਰਮੁੱਖ ਸ਼ਖਸ਼ੀਅਤਾਂ ਆਦਿ ਹਾਜ਼ਰ ਸਨ।

ਕਈ ਮਾਮਲਿਆਂ ਚ ਲੋੜੀਂਦਾ ਅਪਰਾਧੀ ਰਣਜੀਤ ਉਰਫ਼ ਸੱਪ ਬਠਿੰਡਾ ਤੋਂ ਗ੍ਰਿਫ਼ਤਾਰ; ਪਿਸਤੌਲ ਬਰਾਮਦ

ਗ੍ਰਿਫ਼ਤਾਰ ਗੈਂਗਸਟਰ ਰੰਮੀ ਮਛਾਣਾ ਦਾ ਕਰੀਬੀ: ਡੀਜੀਪੀ ਗੌਰਵ ਯਾਦਵ

ਇਸ ਕੇਸ ਵਿੱਚ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਹੋਰ ਜਾਂਚ ਜਾਰੀ

ਵਰਲਡ ਪੰਜਾਬੀ ਟਾਈਮਜ਼ ਗੁਰਪ੍ਰੀਤ ਚੰਹਲ

ਬਠਿੰਡਾ, 4 ਨਵੰਬਰ : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਜਾਰੀ ਮੁਹਿੰਮ ਦੌਰਾਨ ਇੱਕ ਵੱਡੀ ਸਫ਼ਲਤਾ ਹਾਸਲ ਕਰਦਿਆਂ ਐਂਟੀ ਗੈਂਗਸਟਰ ਟਾਸਕ ਫੋਰਸ (ਏਜੀਟੀਐਫ), ਪੰਜਾਬ ਨੇ ਬਠਿੰਡਾ ਪੁਲਿਸ ਨਾਲ ਇੱਕ ਸਾਂਝੇ ਆਪ੍ਰੇਸ਼ਨ ਵਿੱਚ ਬਠਿੰਡਾ ਦੇ ਪਿੰਡ ਬੰਗੀ ਨਿਹਾਲ ਸਿੰਘ ਨਾਲ ਸਬੰਧਤ ਲੋੜੀਂਦੇ ਅਪਰਾਧੀ ਰਣਜੀਤ ਸਿੰਘ ਉਰਫ਼ ਸੱਪ ਨੂੰ ਗ੍ਰਿਫ਼ਤਾਰ ਕੀਤਾ ਹੈ। ਇਹ ਜਾਣਕਾਰੀ ਅੱਜ ਇਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।

ਪੁਲਿਸ ਟੀਮਾਂ ਨੇ ਮੁਲਜ਼ਮ ਦੇ ਕਬਜ਼ੇ ‘ਚੋਂ ਇੱਕ ਗੈਰ-ਕਾਨੂੰਨੀ .32 ਬੋਰ ਪਿਸਤੌਲ ਅਤੇ ਚਾਰ ਜ਼ਿੰਦਾ ਕਾਰਤੂਸ ਬਰਾਮਦ ਕੀਤੇ ਹਨ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਉਕਤ ਮੁਲਜ਼ਮ ਗੈਂਗਸਟਰ ਰੰਮੀ ਮਛਾਣਾ ਦਾ ਕਰੀਬੀ ਹੈ ਅਤੇ ਦੋ ਅਪਰਾਧਿਕ ਮਾਮਲਿਆਂ ਵਿੱਚ ਪੁਲਿਸ ਨੂੰ ਲੋੜੀਂਦਾ ਸੀ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਪੁਲਿਸ ਨੇ ਉਸ ਦੇ ਘਰੋਂ 130 ਗ੍ਰਾਮ ਹੈਰੋਇਨ, ਛੇ ਜ਼ਿੰਦਾ ਕਾਰਤੂਸ ਸਮੇਤ ਇੱਕ 9 ਐਮਐਮ ਦੇਸੀ ਪਿਸਤੌਲ ਅਤੇ ਅਤੇ ਇੱਕ .12 ਬੋਰ ਦੇਸੀ ਪਿਸਤੌਲ ਬਰਾਮਦ ਕੀਤਾ ਸੀ। ਉਸ ਦੀ ਮਾਂ ਪਰਮਜੀਤ ਕੌਰ ਨੂੰ ਉਸ ਸਮੇਂ ਗ੍ਰਿਫ਼ਤਾਰ ਕਰ ਲਿਆ ਗਿਆ ਸੀ, ਜਦੋਂ ਕਿ ਮੁਲਜ਼ਮ ਭੱਜਣ ਵਿੱਚ ਕਾਮਯਾਬ ਹੋ ਗਿਆ ਸੀ।

ਡੀਜੀਪੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਹੋਰ ਜਾਂਚ ਜਾਰੀ ਹੈ। ਆਪ੍ਰੇਸ਼ਨ ਦੇ ਵੇਰਵੇ ਸਾਂਝੇ ਕਰਦਿਆਂ ਵਧੀਕ ਡਾਇਰੈਕਟਰ ਜਨਰਲ ਆਫ਼ ਪੁਲਿਸ (ਏਡੀਜੀਪੀ) ਏਜੀਟੀਐਫ ਪ੍ਰਮੋਦ ਬਾਨ ਨੇ ਦੱਸਿਆ ਕਿ ਭਰੋਸੇਯੋਗ ਜਾਣਕਾਰੀ ‘ਤੇ ਕਾਰਵਾਈ ਕਰਦਿਆਂ ਡੀਐਸਪੀ ਏਜੀਟੀਐਫ ਰਾਜਨ ਪਰਮਿੰਦਰ ਦੀ ਅਗਵਾਈ ਵਾਲੀਆਂ ਏਜੀਟੀਐਫ ਦੀਆਂ ਪੁਲਿਸ ਟੀਮਾਂ ਨੇ ਬਠਿੰਡਾ ਪੁਲਿਸ ਨਾਲ ਤਾਲਮੇਲ ਕਰਕੇ ਮੁਲਜ਼ਮ ਰਣਜੀਤ ਸਿੰਘ ਉਰਫ਼ ਸੱਪ ਨੂੰ ਬਠਿੰਡਾ ਦੇ ਪਿੰਡ ਭਗਵਾਨਪੁਰਾ ਤੋਂ ਗ੍ਰਿਫ਼ਤਾਰ ਕਰ ਲਿਆ।

ਸੀਨੀਅਰ ਸੁਪਰਡੈਂਟ ਆਫ਼ ਪੁਲਿਸ (ਐਸਐਸਪੀ) ਬਠਿੰਡਾ ਅਮਨੀਤ ਕੌਂਡਲ ਨੇ ਕਿਹਾ ਕਿ ਰਣਜੀਤ ਸਿੰਘ ਦਾ ਪੁਰਾਣਾ ਅਪਰਾਧਿਕ ਰਿਕਾਰਡ ਹੈ, ਜਿਸਦੇ ਖਿਲਾਫ ਕਤਲ, ਨੁਕਸਾਨ ਪਹੁੰਚਾਉਣ ਦੇ ਇਰਾਦੇ ਨਾਲ ਘਰ ਵਿੱਚ ਦਾਖਲ ਹੋਣ, ਅਸਲਾ ਐਕਟ, ਜੇਲ੍ਹ ਐਕਟ ਅਤੇ ਐਨਡੀਪੀਐਸ ਐਕਟ ਦੀ ਉਲੰਘਣਾ ਦੇ ਕਈ ਮਾਮਲੇ ਦਰਜ ਹਨ। ਇਸ ਸਬੰਧੀ ਬਠਿੰਡਾ ਦੇ ਥਾਣਾ ਸੰਗਤ ਵਿਖੇ ਐਨਡੀਪੀਐਸ ਐਕਟ ਦੀ ਧਾਰਾ 21(ਬੀ) ਅਤੇ ਅਸਲਾ ਐਕਟ ਦੀ ਧਾਰਾ 25 ਤਹਿਤ ਐਫਆਈਆਰ ਨੰਬਰ 139 ਮਿਤੀ 20.09.2025 ਪਹਿਲਾਂ ਹੀ ਦਰਜ ਹੈ।

ਬਾਬਾ ਨਾਮਦੇਵ ਜੀ ਦਾ ਆਗਮਨ ਪੁਰਬ ਸ਼ਰਧਾ ਨਾਲ ਮਨਾਇਆ

ਵਰਲਡ ਪੰਜਾਬੀ ਟਾਈਮਜ਼ ਵਿੱਕੀ ਕੁਮਾਰ

ਕੋਟਕਪੂਰਾ, 4 ਨਵੰਬਰ : ਸ਼੍ਰੋਮਣੀ ਭਗਤ ਬਾਬਾ ਨਾਮਦੇਵ ਜੀ ਦਾ 755ਵਾਂ ਆਗਮਨ ਭਗਤ ਨਾਮਦੇਵ ਸਭਾ ਸੁਸਾਇਟੀ (ਰਜਿ:) ਅਤੇ ਸਮੂਹ ਸਾਧ ਸੰਗਤ ਵੱਲੋਂ ਪੂਰੀ ਸ਼ਰਧਾ ਅਤੇ ਧੂਮਧਾਮ ਨਾਲ ਸਥਾਨਕ ਗੁਰਦੁਆਰਾ ਸਾਹਿਬ, ਸ਼੍ਰੋਮਣੀ ਭਗਤ ਬਾਬਾ ਨਾਮਦੇਵ ਜੀ, ਮੋਗਾ ਰੋਡ ਵਿਖੇ ਮਨਾਇਆ ਗਿਆ। ਇਸ ਆਗਮਨ ਪੁਰਬ ਦੀ ਖ਼ੁਸ਼ੀ ਵਿੱਚ 8 ਸ੍ਰੀ ਅਖੰਡ ਪਾਠ ਸਾਹਿਬ ਪ੍ਰਾਰੰਭ ਕੀਤੇ ਗਏ, ਪਹਿਲੇ ਦਿਨ ਹੋਮਿਉਪੈਥਿਕ ਅਤੇ ਦੰਦਾਂ ਦੀ ਜਾਂਚ ਦਾ ਮੁਫ਼ਤ ਜਾਂਚ ਕੈਂਪ ਲਾਇਆ ਗਿਆ, ਦੂਜੇ ਦਿਨ ਅੱਖਾਂ ਦੀ ਜਾਂਚ ਦਾ ਮੁਫ਼ਤ ਕੈਂਪ ਲਾਇਆ ਗਿਆ, ਦੁਪਹਿਰੇ ਬੱਚਿਆਂ ਦੇ ਸੀਨੀਅਰ ਅਤੇ ਜੂਨੀਅਰ ਗਰੁੱਪ ਵਿੱਚ ਸੁੰਦਰ ਲਿਖਾਈ ਅਤੇ ਚਿਤਰਕਲਾ ਦੇ ਮੁਕਾਬਲੇ ਕਰਵਾਏ ਗਏ, ਮਾਸਟਰ ਸੋਹਨ ਸਿੰਘ ਅਤੇ ਮਾਸਟਰ ਪ੍ਰੀਤ ਭਗਵਾਨ ਸਿੰਘ ਬਤੌਰ ਮੁੱਖ ਮਹਿਮਾਨ ਹਾਜ਼ਰੀ ਭਰੀ ਅਤੇ ਜੈਜਮੈਂਟ ਦੀ ਡੂਮਿਕਾ ਵੀ ਨਿਭਾਈ।ਤੀਜੇ ਦਿਨ ਜਿਥੇ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਉਥੇ ਹੀ ਗੁਰੂ ਘਰ ਦੇ ਕੀਰਤਨੀਏ ਭਾਈ ਗਗਨਪ੍ਰੀਤ ਸਿੰਘ ਜੀ ਹਜ਼ੂਰੀ ਰਾਗੀ ਜਥਾ ਦਰਬਾਰ ਸਾਹਿਬ ਸ਼੍ਰੀ ਮੁਕਤਸਰ ਸਾਹਿਬ ਵੱਲੋਂ ਸੰਗਤਾਂ ਨੂੰ ਗੁਰੂ ਇਤਿਹਾਸ ਨਾਲ ਜੋੜਿਆ ਗਿਆ। ਸਟੇਜ ਸੰਚਾਲਨ ਦੀ ਡੂਮਿਕ ਜਗਦੇਵ ਸਿੰਘ ਸੇਵਾਮੁਕਤ ਲੈਕਚਰਾਰ ਵਜੋਂ ਨਿਭਾਈ ਗਈ। ਇਸ ਮੌਕੇ ਬਾਬਾ ਨਾਮਦੇਵ ਬਲੱਡ ਡੋਨਰਜ਼ ਕਲੱਬ ਵੱਲੋਂ ਸਵੈ-ਇੱਛਕ ਖੂਨਦਾਨ ਕੈਂਪ ਵੀ ਲਾਇਆ ਗਿਆ। ਤਿੰਨੋਂ ਦਿਨ ਗੁਰੂ ਦੇ ਲੰਗਰ ਅਤੁੱਟ ਵਰਤਾਏ ਗਏ, ਸਮਾਪਤੀ ਮੌਕੇ ਸਭਾ ਦੇ ਪ੍ਰਧਾਨ ਸ਼ਰਨਜੀਤ ਸਿੰਘ ਮੁਕਰ ਵੱਲੋਂ ਇਲਾਕੇ ਦੀਆਂ ਨਾਮਵਾਰ ਰਾਜਨੀਤਿਕ ਸਖ਼ਸ਼ੀਅਤਾਂ, ਧਾਰਮਿਕ ਆਗੂ, ਜਥੇਬੰਦੀਆਂ, ਕਲੱਬਾਂ ਅਤੇ ਸਮੂੱਚੀ ਸਾਧ ਸੰਗਤ ਦਾ ਧੰਨਵਾਦ ਕੀਤਾ, ਜਿੰਨਾਂ ਨੇ ਇਸ ਆਗਮਨ ਪੁਰਬ ਵਿੱਚ ਆਪਣਾ ਪੂਰਨ ਸਹਿਯੋਗ ਦਿੱਤਾ। ਮੁੱਖ ਆਗਮਨ ਪੁਰਬ ਮੌਕੇ ਹੋਮਿਉਪੈਥੀ, ਦੰਦਾਂ ਅਤੇ ਅੱਖਾਂ ਦੀ ਜਾਂਚ ਦੇ ਮੁਫ਼ਤ ਕੈਂਪ, ਸੁੰਦਰ ਲਿਖਾਈ ਅਤੇ ਚਿਤਰਕਲਾ ਦੇ ਮੁਕਾਬਲੇ ਅਤੇ ਖੂਨਦਾਨ ਕੈਂਪ ਦਾ ਪ੍ਰਬੰਧ ਕੀਤਾ ਗਿਆ।

ਅਰੋੜਾ ਮਹਾਂ ਸਭਾ ਫਰੀਦਕੋਟ ਨੇ ਲਾਇਆ 108 ਤੁਲਸੀ ਦੇ ਬੂਟਿਆਂ ਦਾ ਲੰਗਰ।

ਵਰਲਡ ਪੰਜਾਬੀ ਟਾਈਮਜ਼ ਧਰਮ ਪ੍ਰਚਾਰ

ਫਰੀਦਕੋਟ 4 ਨਵੰਬਰ : ਅਰੋੜਾ ਮਹਾਂ ਸਭਾ ਫਰੀਦਕੋਟ ਨੇ ਸ੍ਰੀ ਗੇਲਾ ਰਾਮ ਗੇਰਾ ਮੈਮੋਰੀਅਲ ਚੈਰੀਟੇਬਲ ਟਰਸਟ ਦੇ ਹਾਲ ਵਿਖੇ 108 ਤੁਲਸੀ ਦੇ ਬੂਟੇ ਵੰਡਣ ਦਾ ਲੰਗਰ ਲਾਇਆ। ਜਿੱਥੇ ਸ੍ਰੀ ਰਾਧਾ ਕ੍ਰਿਸ਼ਨ ਮੰਦਰ ਮਹਿਲਾ ਮੰਡਲੀ ਗੀਤਾ ਗੇਰਾ, ਚੰਚਲ ਖੰਨਾ, ਸਰੋਜ ਗੁਪਤਾ ,ਰਮੇਸ਼ ਮਨਚੰਦਾ, ਰੋਜੀ ਕੱਕੜ, ਕੁਸਮ ਗਖੜ, ਸੰਗੀਤਾ ਗੇਰਾ, ਨੀਲਮ ਰਾਣੀ, ਸ਼ਿਵਾਨੀ ਗੇਰਾ, ਸੋਨੀਆ ਭਾਂਬਰੀ, ਰੀਤੂ ਗੇਰਾ, ਬਿਮਲਾ ਰਾਣੀ, ਮੀਨਾਕਸ਼ੀ ਮਿੱਤਲ ,ਅਦਿੱਤੀ ਗੇਰਾ, ਪਲਵੀ ਗੇਰਾ, ਅਤੇ ਬੀਨੂ ਕਟਾਰੀਆ ਤੋਂ ਇਲਾਵਾ ਹੋਰ ਵੀ ਬਹੁਤ ਸਾਰੀਆਂ ਮਹਿਲਾ ਮੈਂਬਰਾਂ ਵੱਲੋਂ ਤੁਲਸੀ ਵਿਵਾਹ ਦਾ ਆਯੋਜਨ ਕੀਤਾ ਗਿਆ ਸੀ।

ਤੁਲਸੀ ਮਾਤਾ ਅਤੇ ਸ੍ਰੀ ਸਾਲਿਗ ਰਾਮ ਦੇ ਵਿਆਹ ਦਾ ਆਯੋਜਨ ਪੰਡਿਤ ਅਧੀਵੇਸ਼ ਪਰਾਸ਼ਰ ਜੀ ਵੱਲੋਂ ਵਿਧੀ ਪੂਰਵਕ ਕਰਵਾਉਂਦਿਆਂ ਹੋਇਆ ਦੱਸਿਆ ਕਿ ਅੱਜ ਦੇ ਦਿਨ ਤੁਲਸੀ ਦੇ ਬੂਟੇ ਘਰੇ ਲਾਉਣ ਦਾ ਬਹੁਤ ਹੀ ਮਹੱਤਵ ਹੈ। ਜਿਸ ਨਾਲ ਸਾਰੇ ਪਰਿਵਾਰ ਵਿੱਚ ਤੰਦਰੁਸਤੀਆਂ, ਖੁਸ਼ੀਆਂ ਅਤੇ ਆਪਸੀ ਪਿਆਰ ਦਾ ਵਾਧਾ ਹੁੰਦਾ ਹੈ। ਸ੍ਰੀ ਰਾਧਾ ਕ੍ਰਿਸ਼ਨ ਮੰਦਰ ਮਹਿਲਾ ਭਜਨ ਮੰਡਲੀ ਵੱਲੋਂ ਵਿਆਹ ਦੇ ਮੌਕੇ ਤੇ ਬੜੀ ਹੀ ਸ਼ਰਧਾ ਨਾਲ ਭਜਨ ਕੀਰਤਨ, ਅਤੇ ਆਰਤੀ ਕੀਤੀ ਗਈ। ਸੰਗਤ ਵੱਲੋਂ ਵਿਆਹ ਦੇ ਤੋਹਫੇ ਵੀ ਭੇਂਟ ਕੀਤੇ ਗਏ। ਆਰਤੀ ਉਪਰੰਤ ਕੁਲਚੇ ਛੋਲੇ ਦਾ ਲੰਗਰ ਅਤੇ ਪ੍ਰਸ਼ਾਦ ਵੀ ਵੰਡਿਆ ਗਿਆ। ਤੁਲਸੀ ਦੇ ਬੂਟਿਆਂ ਨੂੰ ਵੰਡਣ ਲਈ ਅਰੋੜਾ ਮਹਾਂ ਸਭਾ ਦੇ ਪ੍ਰਧਾਨ ਰਮੇਸ਼ ਕੁਮਾਰ ਗੇਰਾ, ਸਕੱਤਰ ਦਰਸ਼ਨ ਲਾਲ ਚੁੱਘ ,ਖਜਾਨਚੀ ਦਿਨੇਸ਼ ਮਖੀਜਾ ਤੋਂ ਇਲਾਵਾ ਸੀਨੀਅਰ ਮੈਂਬਰ ਐਡਵੋਕੇਟ ਦਰਸ਼ਨ ਕੁਮਾਰ ਅਰੋੜਾ, ਸੰਦੀਪ ਮੌਂਗਾ, ਪਰਵੀਨ ਕੁਮਾਰ ਚਾਵਲਾ, ਵਿਸ਼ਾਲ ਅਰੋੜਾ, ਬਿਸ਼ਨ ਕੁਮਾਰ ਅਰੋੜਾ, ਨਿਵੇਸ਼ ਗੇਰਾ, ਸਾਹਿਲ ਡੰਗ, ਇੰਜੀ ਬਲਵੰਤ ਰਾਏ ਅਰੋੜਾ, ਹਰੀ ਚੰਦ ਅਰੋੜਾ, ਕਾਲਾ ਕੁਮਾਰ ਗੇਰਾ, ਰਾਜਨ ਨਾਰਾਪਾਲ ਅਤ